ਨੰ: 3/133/2012-3ਸਿ3/1519

**ਪੰਜਾਬ ਸਰਕਾਰ**

**ਸਿੱਖਿਆ ਵਿਭਾਗ**

**(ਸਿੱਖਿਆ-3 ਸ਼ਾਖਾ)**

ਸੇਵਾ ਵਿਖੇ

ਪ੍ਰਿੰਸੀਪਲ,
ਰਹੀਮਾ ਇੰਟਰਨੈਸ਼ਨਲ ਸਕੂਲ,
ਪਠਾਨਕੋਟ।

ਮਿਤੀ: ਚੰਡੀਗੜ੍ਹ 28-6-12

ਵਿਸ਼ਾ:- ਰਹੀਮਾ ਇੰਟਰਨੈਸ਼ਨਲ ਸਕੂਲ, ਪਠਾਨਕੋਟ ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾਂ ਸਮੇਤ ਹਲਫੀਆ ਬਿਆਨ, ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿ:) ਪਠਾਨਕੋਟ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਅਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਨਵੀਂ ਦਿੱਲੀ ਅਜਿਹੇ ਸਕੂਲਾਂ ਵਿਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

ਚਲਦਾ ਪੰਨਾ---

MANAGER
RHEMA INTERNATIONAL SCHOOL
MISSION ROAD, PATHANKOT (PB.)

PRINCIPAL
RHEMA INTERNATIONAL SCHOOL
MISSION ROAD, PATHANKOT (PB.)

Director,
Rhema International School,
Beersheba Complex,
Mission Road,
Pathankot.Pin-145001 (Pb.)

PRINCIPAL
RHEMA INTERNATIONAL SCHOOL
MISSION ROAD, PATHANKOT (PB.)

3. ਸਕੂਲ ਮੈਨੇਜਮੈਂਟ, ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਆਰ.ਟੀ.ਈ. ਐਕਟ, 2009 ਦੇ ਤਹਿਤ ਜਾਰੀ ਕੀਤੇ ਨੋਟੀਫਿਕੇਸ਼ਨ ਅਤੇ ਪੰਜਾਬ ਰਾਜ ਲਈ ਬਣਾਏ ਆਰ.ਟੀ.ਈ. ਐਕਟ-2009 ਦੇ ਰੂਲਾਂ ਦੀ ਇੰਨ-ਬਿਨ ਪਾਲਣਾ ਕਰੇਗੀ।

4. ਸੀ.ਬੀ.ਐਸ.ਈ. ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤ ਹੋਰ ਭੱਤੇ ਆਦਿ ਅਕਾਊਂਟ ਪੇਈ ਚੈਕਾਂ ਰਾਹੀਂ ਦੇਣ ਲਈ ਵਚਨਵੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

5. ਤੁਸੀ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾਂ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਵਧੀਕ ਸਕੱਤਰ ਸਕੂਲ ਸਿੱਖਿਆ

ਪਿ:ਐ:ਸੈ:3/133/2012-3ਸਿ3/ ਮਿਤੀ, ਚੰਡੀਗੜ੍ਹ:

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ (ਸੈ:ਸਿ) ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ: 15/19-2012 ਗ੍ਰਾਂਟ-1(4), ਮਿਤੀ 29-03-2012 ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

2. ਰਹੀਮਾ ਇੰਟਰਨੈਸ਼ਨਲ ਸਕੂਲ, ਪਠਾਨਕੋਟ ਦੀ ਮਿਸਲ ਮੂਲ ਰੂਪ ਵਿੱਚ ਵਾਪਸ ਭੇਜੀ ਜਾਂਦੀ ਹੈ।

ਵਧੀਕ ਸਕੱਤਰ ਸਕੂਲ ਸਿੱਖਿਆ

<u>ਅੰਦਰਨੀ ਵੰਡ</u>

1. ਨਿੱਜੀ ਸਕੱਤਰ/ਸਿੱਖਿਆ ਮੰਤਰੀ, ਪੰਜਾਬ।
2. ਨਿੱਜੀ ਸਕੱਤਰ/ਸਕੱਤਰ ਸਕੂਲ ਸਿੱਖਿਆ, ਪੰਜਾਬ।
3. ਨਿੱਜੀ ਸਹਾਇਕ/ਵਧੀਕ ਸਕੱਤਰ ਸਕੂਲ ਸਿੱਖਿਆ, ਪੰਜਾਬ।

MANAGER
RHEMA INTERNATIONAL SCHOOL
MISSION ROAD, PATHANKOT.(PB.)

PRINCIPAL
RHEMA INTERNATIONAL SCHOOL
MISSION ROAD, PATHANKOT (PB.)

Director,
Rhema International School,
Beersheba Complex,
Mission Road,
Pathankot.Pin-145001 (Pb.)

No.3/133/2012-3C3/1519
Government of Punjab
Education Department
(Section-3)

To,

The Principal
Rhema International School
Pathankot, 145001

NOC Dt: 28-6-12

Subject: - Issuance of "No Objection Certificate" for the Affiliation with the CBSE Board New Delhi.

Sir/Madam,

The Documents Submitted by the management of school along with affidavit and the recommendation of the district Education officer (Sr. Secondary) Pathankot and the director of Education department Punjab, Chandigarh and after its Thoughtful perusal the necessary "NOC" is issued on the below noted condition:-

1. If in future on through compliant/Inspection if it comes to notice that for getting "NOC" at any where if you have submitted any false document and not complied with all the instruction of Govt which is issued from time to time.
   Then in this condition the "NOC" shall be withheld.
2. Teaching of Punjabi up to 10th class is compulsory, necessary arrangement for taking Punjabi examination to be made under these circumstance the "NOC" shall be withheld.
3. School management will comply with the Notification R.T.E act 2009 of education department completely comply with the act of R.T.E which framed for Punjab govt.
4. After getting CBSE affiliation from New Delhi, the management of school will be liable to pay salary and other allowance at par to the govt employees and bound to pay the same through cheque. In non compliance the "NOC" shall be withheld.
5. You yourself and your management shall make it sure that you provide any information that is required by the District Education officer or senior officer from education department at any time in any kind should be provided with due cooperation.

Addi: Secretary
School, Education

Endst. No. 3/133/2012-3C3/
Copy is forwarded to the director, Education department (Sr.Sec) Punjab, Chandigarh with reference to his memo no.15/19.2012 Grant-1(4) Dated 29/03//2012. And it is requested that the above said school be inspected once in five years and the report be sent to Govt. so that it could be known to the Punjab Govt. that they are complying with the instruction of the Punjab Government.
2. The original is returned to Rhema International School, Pathankot.

Addi: Secretary
School, Education

Note this a translated copy of original Punjabi document.

Director,
Rhema International School,
Beersheba Complex,
Mission Road,
Pathankot.Pin-145001 (Pb.)

PRINCIPAL
RHEMA INTERNATIONAL SCHOOL
MISSION ROAD, PATHANKOT (PB.)

Manager,
Rhema International School,
Beersheba Complex,
Pathankot, Pin

MANAGER
RHEMA INTERNATIONAL SCHOOL
MISSION ROAD, PATHANKOT (PB.)

PRINCIPAL
RHEMA INTERNATIONAL SCHOOL
MISSION ROAD, PATHANKOT (PB.)